# ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ), ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿੱ), ਪੰਜਾਬ।
3. ਸਮੂਹ ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪੰਜਾਬ।
4. ਸਮੂਹ ਮੁੱਖ ਅਧਿਆਪਕ, ਸਰਕਾਰੀ ਹਾਈ ਅਤੇ ਮਿਡਲ ਸਕੂਲ ਪੰਜਾਬ।
5. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ।

ਮੀਮੋ ਨੰ. ਸਸਅ/2024/ਗਰੇਡਿੰਗ (616601)/18512

ਮਿਤੀ : 18 ਜਨਵਰੀ 2024

**ਵਿਸ਼ਾ:- ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੀ ਗਰੇਡਿੰਗ ਦਾ ਡਾਟਾ ਸਬਮਿਟ ਕਰਨ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧੀ ਮੀਮੋ ਨੰ.ਸਸਅ/2023/ਗਰੇਡਿੰਗ (616601)/333645 ਮਿਤੀ 20-12-2023 ਨੂੰ ਸਕੂਲਾਂ ਦੀ ਗਰੇਡਿੰਗ ਦਾ ਡਾਟਾ ਭਰਨ ਸਬੰਧੀ ਪੱਤਰ ਜਾਰੀ ਕੀਤਾ ਗਿਆ ਸੀ, ਜਿਸ ਅਨੁਸਾਰ ਪੱਤਰ ਜਾਰੀ ਹੋਣ ਦੇ 7 ਦਿਨਾਂ ਦੇ ਅੰਦਰ-ਅੰਦਰ ਸਕੂਲਾਂ ਦੀ ਗਰੇਡਿੰਗ ਦਾ ਡਾਟਾ ਈ-ਪੰਜਾਬ ਸਕੂਲ ਪੋਰਟਲ ਤੇ ਅਪਲੋਡ ਕੀਤਾ ਜਾਣਾ ਸੀ। ਪਰੰਤੂ ਵੇਖਣ ਵਿੱਚ ਆਇਆ ਹੈ ਕਿ ਜਿਆਦਾਤਰ ਸਕੂਲਾਂ ਵੱਲੋਂ ਸਕੂਲ ਗਰੇਡਿੰਗ ਦੇ ਡਾਟੇ ਦਾ ਕੰਮ ਮੁਕੰਮਲ ਨਹੀਂ ਕੀਤਾ ਗਿਆ। ਇਸ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਮਿਤੀ 20/01/2024 ਸ਼ਾਮ 5.00 ਵਜੇ ਤੱਕ ਸਕੂਲ ਗਰੇਡਿੰਗ ਦਾ ਕੰਮ ਆਪਣੇ ਪੱਧਰ ਤੇ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਇਸ ਕੰਮ ਸਬੰਧੀ ਹੋਣ ਵਾਲੀ ਦੇਰੀ ਦੀ ਨਿਰੋਲ ਜਿੰਮੇਵਾਰੀ ਆਪ ਦੀ ਹੋਵੇਗੀ।

ਡਿਪਟੀ ਐਸ.ਪੀ.ਡੀ (ਪਲਾਨਿੰਗ)

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

**ਪਿਠ ਅੰਕਣ ਨੰ: ਜੀ-1/1 ( )2024/** 7091 **ਮਿਤੀ:19/01/2024**

**ਉਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਤੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।**

ਜ਼ਿਲ੍ਹਾ ਸਿੱਖਿਆ ਅਫਸਰ ਬਠਿੰਡਾ

Scanned with CamScanner